# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 19-08-2024**

ਰੱਖੜੀ ਦਾ ਤਿਉਹਾਰ ਅੱਜ ਪੰਜਾਬ ਸਮੇਤ ਦੇਸ਼ ਭਰ 'ਚ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ। ਇਸ ਮੌਕੇ ਭੈਣਾਂ ਆਪਣੇ ਭਰਾਵਾਂ ਦੇ ਗੁੱਟ 'ਤੇ ਰੰਗਦਾਰ ਰੱਖੜੀਆਂ ਬੰਨ੍ਹਦੀਆਂ ਨੇ ਅਤੇ ਉਨ੍ਹਾਂ ਦੀ ਖੁਸ਼ਹਾਲੀ, ਸਿਹਤ ਅਤੇ ਤੰਦਰੁਸਤੀ ਲਈ ਦੁਆ ਕਰਦੀਆਂ ਨੇ। ਭਰਾ ਆਪਣੀਆਂ ਭੈਣਾਂ ਦੀ ਰੱਖਿਆ ਅਤੇ ਮਦਦ ਕਰਨ ਦਾ ਵਾਅਦਾ ਕਰਦੇ ਨੇ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਲੋਕਾਂ ਨੂੰ ਰੱਖੜੀ ਦੇ ਤਿਓਹਾਰ ਦੀ ਵਧਾਈ ਦਿੱਤੀ ਏ। ਰਾਸ਼ਟਰਪਤੀ ਨੇ ਕਿਹਾ ਕਿ ਰੱਖੜੀ ਭੈਣ-ਭਰਾ ਦੇ ਵਿਲੱਖਣ ਰਿਸ਼ਤੇ ਦਾ ਤਿਉਹਾਰ ਏ। ਇਹ ਤਿਉਹਾਰ ਭੈਣਾਂ-ਭਰਾਵਾਂ ਵਿਚਕਾਰ ਵਿਸ਼ਵਾਸ ਅਤੇ ਪਿਆਰ ਨੂੰ ਮਜ਼ਬੂਤ ਕਰਦਾ ਏ। ਉਪ-ਰਾਸ਼ਟਰਪਤੀ ਜਗਦੀਪ ਧਨਖੜ ਨੇ ਲੋਕਾਂ ਨੂੰ ਵਧਾਈ ਦਿਦਿਆਂ, ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ੍ਰੀ ਧਨਖੜ ਨੇ ਕਿਹਾ ਕਿ ਇਹ ਤਿਉਹਾਰ, ਭੈਣਾਂ-ਭਰਾਵਾਂ ਵਿਚਕਾਰ ਪਵਿੱਤਰ ਬੰਧਨ ਦਾ ਜਸ਼ਨ, ਇੱਕ ਦੂਜੇ ਹਿਮਾਇਤ ਅਤੇ ਕਦਰ ਕਰਨ ਦੀ ਵਚਨਬੱਧਤਾ ਨੂੰ ਦਰਸਾਉਂਦਾ ਏ। ਇਸ ਸ਼ੁਭ ਮੌਕੇ 'ਤੇ, ਉਪ

ਰਾਸ਼ਟਰਪਤੀ ਨੇ ਸਾਰਿਆਂ ਨੂੰ ਔਰਤਾਂ ਦੀ ਇੱਜ਼ਤ ਅਤੇ ਸਨਮਾਨ ਨੂੰ ਬਰਕਰਾਰ ਰੱਖਣ ਲਈ ਵਚਨਬੱਧ ਹੋਣ ਦੀ ਅਪੀਲ ਕੀਤੀ ਅਤੇ ਅਜਿਹੇ ਮਾਹੌਲ ਨੂੰ ਉਤਸ਼ਾਹਿਤ ਕੀਤਾ ਜਿੱਥੇ ਉਹ, ਵਧ-ਫੁੱਲ ਸਕਣ ਅਤੇ ਆਪਣੀ ਸਮਰੱਥਾ ਦਾ ਪੂਰਾ ਅਹਿਸਾਸ ਕਰ ਸਕਣ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਰੱਖੜੀ ਦੇ ਤਿਓਹਾਰ ਮੌਕੇ ਸਾਰੇ ਨਾਗਰਿਕਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਨੇ ਕਾਮਨਾ ਕੀਤੀ ਕਿ ਇਹ ਪਵਿੱਤਰ ਤਿਉਹਾਰ, ਲੋਕਾਂ ਦੇ ਜੀਵਨ ਅਤੇ ਰਿਸ਼ਤਿਆਂ ਵਿੱਚ ਮਿਠਾਸ, ਖੁਸ਼ਹਾਲੀ ਤੇ ਚੰਗੀ ਕਿਸਮਤ ਲਿਆਵੇਗਾ ।

------------------------------------------------------------

ਓਧਰ ਅੰਮ੍ਰਿਤਸਰ ਵਿਖੇ ਪੰਜਾਬ ਦੀ ਸਾਬਕਾ ਸਿਹਤ ਮੰਤਰੀ ਲਕਸ਼ਮੀ ਕਾਂਤਾ ਚਾਵਲਾ ਵਲੋਂ ਹਰ ਸਾਲ ਦੀ ਤਰਾ ਇਸ ਸਾਲ ਵੀ ਅਟਾਰੀ ਵਾਹਗਾ ਸਰਹੱਦ ਤੇ ਡਿਉਟੀ ਨਿਭਾ ਰਹੇ ਅਤੇ ਪਰਿਵਾਰਾਂ ਤੋਂ ਦੂਰ ਸਰਹੱਦਾਂ ਦੀ ਰਾਖੀ ਕਰਨ ਵਾਲੇ ਜਵਾਨਾਂ ਦੇ ਗੁੱਟ ਤੇ ਰੱਖੜੀ ਬਨੀ ਅਤੇ ਉਨ੍ਹਾਂ ਦੀ ਲੰਮੀ ਉਮਰ ਦੀ ਕਾਮਨਾ ਕੀਤੀ ਇਸ ਮੌਕੇ ਉਹਨਾ ਨਾਲ ਵੱਖ ਵੱਖ ਸਕੂਲਾਂ ਦੀਆਂ ਵਿਦਿਆਰਥਣਾਂ ਤੋਂ ਇਲਾਵਾ ਸਮਾਜ ਸੇਵੀ ਸੰਸਥਾਵਾਂ ਦੀ ਮੈਬਰਾਂ ਵੀ ਮੌਜੂਦ ਰਹੇ। ਬੀ.ਐਸ.ਐਫ ਅਧਿਕਾਰੀਆ ਅਤੇ ਜਵਾਨਾਂ ਨੇ ਕਿਹਾ ਕਿ ਉਹ ਸਾਰੇ ਆਪਣੇ ਘਰਾਂ ਤੋਂ ਦੂਰ ਬੈਠੇ ਨੇ ਤੇ ਅੱਜ ਭੈਣਾਂ

ਕੋਲੋਂ ਰੱਖੜੀ ਬਣਵਾ ਕੇ ਉਨ੍ਹਾਂ ਨੂੰ ਬਹੁਤ ਚੰਗਾ ਲਗਿਆ ਤੇ ਖੁਸ਼ੀ ਹੋਈ ਏ।

-----------------------------------------------------------------

ਜੰਮੂ-ਕਸ਼ਮੀਰ 'ਚ, ਅੱਜ ਸਵੇਰੇ ਸਾਲਾਨਾ ਸ਼੍ਰੀ ਅਮਰਨਾਥ ਯਾਤਰਾ ਵੀ ਸੰਪੂਰਨ ਹੋ ਗਈ ਏ । ਇਸ ਸਾਲ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਆਏ 5 ਲੱਖ ਤੋਂ ਵੱਧ ਸ਼ਰਧਾਲੂਆਂ ਨੇ, ਪਵਿੱਤਰ ਗੁਫਾ ਅਸਥਾਨ ਦੇ ਦਰਸ਼ਨ ਕੀਤੇ । ਇਹ ਯਾਤਰਾ ਇਸ ਸਾਲ 29 ਜੂਨ ਨੂੰ ਸ਼ੁਰੂ ਹੋਈ ਸੀ। ਯਾਤਰੀਆਂ ਨੇ ਅਨੰਤਨਾਗ ਦੇ ਸਭ ਤੋਂ ਲੰਮੇ ਪਹਿਲਗਾਮ ਅਤੇ ਗਾਂਦਰਬਲ ਜ਼ਿਲੇ ਦੇ ਸਭ ਤੋਂ ਛੋਟੇ ਪਰ ਉੱਚੇ ਬਾਲਤਾਲ ਰਸਤਿਓਂ, ਦੋਵਾਂ ਤੋਂ ਪਵਿੱਤਰ ਗੁਫਾ ਦੀ ਯਾਤਰਾ ਕੀਤੀ ।

-----------------------------------------------------------------

ਕੇਂਦਰ ਨੇ ਸੂਬਿਆਂ ਨੂੰ ਮੌਂਕੀ ਪੌਕਸ ਦੀ ਬਿਮਾਰੀ ਦਾ ਤੁਰੰਤ ਪਤਾ ਲਗਾਉਣ ਲਈ ਪ੍ਰਭਾਵੀ ਉਪਾਅ ਕਰਨ ਅਤੇ ਨਿਗਰਾਨੀ ਵਧਾਉਣ ਦੇ ਨਿਰਦੇਸ਼ ਦਿੱਤੇ ਨੇ । ਪ੍ਰਧਾਨ ਮੰਤਰੀ ਦੇ ਪ੍ਰਮੁੱਖ ਸਕੱਤਰ ਪ੍ਰਮੋਦ ਕੁਮਾਰ ਮਿਸ਼ਰਾ ਨੇ ਕੱਲ੍ਹ ਦੇਸ਼ ਵਿੱਚ ਮੌਂਕੀ ਪੌਕਸ ਦੀ ਸਥਿਤੀ ਅਤੇ ਸਿਹਤ ਉਪਾਵਾਂ ਦੀ ਸਮੀਖਿਆ ਕੀਤੀ । ਪ੍ਰਧਾਨ ਮੰਤਰੀ ਨਰੇਂਦਰ ਮੋਦੀ ਮੌਂਕੀ ਪੌਕਸ ਦੀ ਸਥਿਤੀ 'ਤੇ ਲਗਾਤਾਰ ਨਜ਼ਰ ਰੱਖ ਰਹੇ ਨੇ । ਪ੍ਰਮੋਦ ਕੁਮਾਰ

ਮਿਸ਼ਰਾ ਨੇ ਇਸ ਬਿਮਾਰੀ ਦਾ ਫੌਰੀ ਪਤਾ ਲਗਾਉਣ ਲਈ, ਜਾਂਚ ਪ੍ਰਯੋਗਸ਼ਾਲਾਵਾਂ ਦਾ ਨੈੱਟਵਰਕ ਵਧਾਉਣ ਦੇ ਨਿਰਦੇਸ਼ ਦਿੱਤੇ। ਇਸ ਸਮੇਂ ਜਾਂਚ ਲਈ 32 ਪ੍ਰਯੋਗਸ਼ਾਲਾਵਾਂ ਤਿਆਰ ਨੇ। ਬਿਮਾਰੀ ਦੇ ਇਲਾਜ ਅਤੇ ਰੋਕਥਾਮ ਪ੍ਰੋਟੋਕੋਲ ਦਾ ਪ੍ਰਚਾਰ, ਵਿਆਪਕ ਪੱਧਰ ਕੀਤਾ ਜਾਣਾ ਚਾਹੀਦਾ ਏ। ਇਸ ਸਮੇਂ ਦੇਸ਼ ਵਿੱਚ ਮੌਂਕੀ ਪੌਕਸ ਦਾ ਕੋਈ ਮਰੀਜ਼ ਨਹੀਂ ਏ।

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ 25 ਅਗਸਤ ਨੂੰ ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ ਰਾਹੀਂ ਦੇਸ਼ ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ ।ਇਸ ਮਹੀਨੇਵਾਰ ਰੇਡੀਓ ਪ੍ਰੋਗਰਾਮ ਦਾ 113ਵਾਂ ਐਪੀਸੋਡ ਹੋਵੇਗਾ । ਪ੍ਰਧਾਨ ਮੰਤਰੀ ਦਫਤਰ ਨੇ ਇਸ ਪ੍ਰੋਗਰਾਮ ਲਈ ਲੋਕਾਂ ਤੋਂ ਵਿਚਾਰ ਅਤੇ ਸੁਝਾਅ ਮੰਗੇ ਨੇ। ਇਹ ਸੁਝਾਵ ਟੋਲ ਫਰੀ ਨੰਬਰ - 1800 11 7800 'ਤੇ ਦਿੱਤੇ ਜਾ ਸਕਦੇ ਨੇ। ਇਸ ਤੋਂ ਅਲਾਵਾ ਨਰੇਂਦਰ ਮੋਦੀ ਐਪ ਜਾਂ ਮਾਈ ਜੀ ਓ ਵੀ ਓਪਨ ਫੋਰਮ 'ਤੇ ਵੀ ਲੋਕ ਆਪਣੇ ਵਿਚਾਰ ਸਾਂਝੇ ਕਰ ਸਕਦੇ ਨੇ। ਇਹ ਵਿਚਾਰ ਅਤੇ ਸੁਝਾਅ 23 ਅਗਸਤ ਤੱਕ ਭੇਜੇ ਜਾ ਸਕਦੇ ਨੇ।

---------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ

ਨੇ, ਮਹਾਰਾਸ਼ਟਰ ਦੇ ਮੁੰਬਈ 'ਚ ਰੇਲ ਸੇਵਾ ਅੰਦਰ ਆਪਣੀ ਡਿਊਟੀ ਨਿਭਾ ਰਹੇ ਸਿੱਖ ਟਿਕਟ ਚੈਕਰ ਜਸਬੀਰ ਸਿੰਘ ਉੱਤੇ ਤਿੰਨ ਮੁਸਾਫ਼ਰਾਂ ਵੱਲੋਂ ਹਮਲਾ ਕਰਨ ਦੀ ਘਟਨਾ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਏ। ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਇਸ ਘਟਨਾ ਦੀ ਸਾਹਮਣੇ ਆਈ ਵੀਡੀਓ ਬੇਹੱਦ ਦੁਖਦਾਈ ਏ, ਜਿਸ ਤੋਂ ਸਪਸ਼ਟ ਹੁੰਦਾ ਕਿ ਕੁਝ ਮੁਸਾਫ਼ਰਾਂ ਨੇ ਜਸਬੀਰ ਸਿੰਘ ਨਾਲ ਡਿਊਟੀ ਸਮੇਂ ਕੁੱਟਮਾਰ ਕੀਤੀ ਜੋ ਅਤਿ ਨਿੰਦਣਯੋਗ ਏ । ਉਨ੍ਹਾਂ ਮੁੰਬਈ ਦੀ ਰੇਲਵੇ ਪੁਲਿਸ ਨੂੰ ਇਸ ਮਾਮਲੇ ਵਿੱਚ, ਦੋਸ਼ੀਆਂ ਖਿਲਾਫ ਸਖ਼ਤ ਕਾਰਵਾਈ ਕਰਨ ਲਈ ਵੀ ਆਖਿਆ ਏ । ਉਨ੍ਹਾ ਕਿਹਾ ਕਿ ਇਸ ਘਟਨਾ ਦੀ ਜਾਣਕਾਰੀ ਮੁੰਬਈ ਦੀ ਸਥਾਨਕ ਸੰਗਤ ਪਾਸੋਂ ਪ੍ਰਾਪਤ ਕੀਤੀ ਗਈ ਹੈ, ਜਿਸ ਅਨੁਸਾਰ ਰੇਲ ਵਿੱਚ ਯਾਤਰੀ ਬਿਨਾਂ ਟਿਕਟ ਦੇ ਸਫ਼ਰ ਕਰ ਰਹੇ ਸਨ, ਜਦੋਂ ਜਸਬੀਰ ਸਿੰਘ ਨੇ ਆਪਣੀ ਡਿਊਟੀ ਨਿਭਾਉਂਦਿਆਂ ਉਨ੍ਹਾਂ ਨੂੰ ਜੁਰਮਾਨਾ ਭਰਨ ਲਈ ਕਿਹਾ ਤਾਂ ਉਨ੍ਹਾਂ ਨਾਲ ਕੁੱਟਮਾਰ ਕੀਤੀ ਗਈ ।

-----------------------------------------------------------

ਕੇਂਦਰੀ ਸਭਿਆਚਾਰਕ ਮੰਤਰਾਲੇ ਤਹਿਤ ਨਾਰਥ ਜ਼ੋਨ ਕਲਚਰਲ ਸੈਂਟਰ ਪਟਿਆਲਾ ਵਲੋਂ ਕੱਲ "ਹਰ ਘਰ ਤਿਰੰਗਾ" ਪ੍ਰੋਗਰਾਮ, ਅੰਮ੍ਰਿਤਸਰ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰਾਮਬਾਗ ਗੇਟ ਵੱਲੋਂ ਮਨਾਇਆ

ਗਿਆ। ਸਕੂਲ ਦੇ ਵਿਦਿਆਰਥੀਆਂ ਵਲੋਂ ਹੱਥਾਂ ਵਿੱਚ ਤਿਰੰਗਾ ਫੜ ਕੇ ਸਕੂਲ ਤੋਂ ਜਲਿਆਂਵਾਲਾ ਬਾਗ ਤੱਕ ਰੈਲੀ ਕੱਢਦੇ ਹੋਏ, ਹਰ ਘਰ ਤਿਰੰਗਾ ਮੁਹਿੰਮ ਦਾ ਆਗਾਜ਼ ਕੀਤਾ ਗਿਆ। ਨਾਰਥ ਜ਼ੋਨ ਕਲਚਰਲ ਸੈਂਟਰ ਪਟਿਆਲਾ ਵਲੋਂ ਸਭਿਆਚਾਰਕ ਪੋ੍ਗਰਾਮ ਪੇਸ਼ ਕੀਤਾ ਗਿਆ ਜਿਸ ਵਿੱਚ ਆਜ਼ਾਦੀ ਸਬੰਧੀ ਨਾਟਕ, ਗਿੱਧਾ ਅਤੇ ਭੰਗੜਾ ਦੀਆਂ ਪੇਸ਼ਕਾਰੀਆਂ ਕੀਤੀਆਂ ਗਈਆਂ। ਸਕੂਲ ਪ੍ਰਿੰਸੀਪਲ ਰੁਪਿੰਦਰ ਕੋਰ ਨੇ ਇਸ ਉਪਰਾਲੇ ਲਈ ਸਾਰਿਆਂ ਦਾ ਧੰਨਵਾਦ ਕੀਤਾ।